ਸਫ਼ਾ 1 ਦੀਆਂ ਬਾਕੀਆਂ

ਇਸਲਾਮਾਬਾਦ 'ਚ ਆਤਮਘਾਤੀ ਬੰਬ ਧਮਾਕਾ, 31 ਮੌਤਾਂ

ਨਿਸ਼ਾਨਾ ਬਣਾਉਣਾ ਇਨਸਾਨੀਅਤ, ਧਰਮ ਅਤੇ ਸਮਾਜਕ ਕਦਰਾਂ-ਕੀਮਤਾਂ 'ਤੇ ਸਿੱਧਾ ਹਮਲਾ ਹੈ, ਜਿਸ ਨੂੰ ਕਿਸੇ ਵੀ ਹਾਲਤ ਵਿਚ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ'' ਰਾਜਾ ਮੰਤਰੀ ਤਲਾਲ ਚੌਧਰੀ ਨੇ ਪੀ.ਆਈ.ਐਮ.ਐਸ. ਹਸਪਤਾਲ ਵਿਚ ਜ਼ਖਮੀਆਂ ਨਾਲ ਮੁਲਾਕਾਤ ਕੀਤੀ। ਸੰਸਦੀ ਮਾਮਲਿਆਂ ਦੇ ਮੰਤਰੀ ਤਾਰੀਕ ਫ਼ਜ਼ਲ ਚੌਧਰੀ ਨੇ 'ਐਕਸ' 'ਤੇ ਲਿਖਿਆ ਕਿ ਇਹ ''ਬੁਜ਼ਦਿਲਾਨਾ ਕਾਰਵਾਈ'' ਹੈ। ਉਸ ਨੇ ਕਿਹਾ, ''ਅੰਜਿਹੇ ਦਹਿਸ਼ਤਗਰਦੀ ਦੇ ਹਮਲੇ ਕੌਮ ਦੇ ਹੌਸਲੇ ਨੂੰ ਕਮਜ਼ੋਰ ਨਹੀਂ ਕਰ ਸਕਦੇ। ਅੱਜ ਦੀ ਲੋੜ ਹੈ ਕਿ ਅਸੀਂ ਸੱਭ ਇਕੱਠੇ ਹੋ ਕੇ ਅਮਨ, ਬਰਦਾਸ਼ਤ ਅਤੇ ਸਥਿਰਤਾ ਲਈ ਖੜੇ ਹੋਈਏ।'' ਇਸ ਹਮਲੇ ਨੇ ਪਾਕਿਸਤਾਨ ਵਿਚ ਸੁਰੱਖਿਆ ਪ੍ਰਬੰਧਾਂ 'ਤੇ ਗੰਭੀਰ ਸਵਾਲ ਖੜੇ ਕਰ ਦਿਤੇ ਹਨ।

ਰਿਜ਼ਰਵ ਬੈਂਕ ਨੇ ਰੇਪੋ ਰੇਟ 5.25% ਉਤੇ ਬਰਕਰਾਰ ਰੱਖੀ

ਹੇਠ 2025-26 ਲਈ ਸੀ.ਪੀ.ਆਈ. ਮਹਿੰਗਾਈ 2.1% ਰਹਿਣ ਦੀ ਉਮੀਦ ਹੈ, ਜੋ ਆਰ.ਬੀ.ਆਈ. ਦੇ 4% ਦੇ ਟੀਚੇ ਤੋਂ ਘੱਟ ਹੈ। ਬਾਜ਼ਾਰ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਆਰ.ਬੀ.ਆਈ. ਘੱਟੋ-ਘੱਟ 2026-27 ਦੇ ਪਹਿਲੇ ਅੱਧ ਤਕ ਦਰਾਂ ਨੂੰ ਬਦਲਣ ਦੀ ਸੰਭਾਵਨਾ ਨਹੀਂ ਰੱਖਦਾ। ਹਾਲਾਂਕਿ, ਕੁੱਝ ਨੇ ਚੇਤਾਵਨੀ ਦਿਤੀ ਹੈ ਕਿ ਕੱਚੇ ਤੇਲ ਦੀਆਂ ਕੀਮਤਾਂ ਅਤੇ ਮੁਦਰਾ ਦੀ ਕਮਜ਼ੋਰੀ ਮਹਿੰਗਾਈ ਨੂੰ ਵਧਾ ਸਕਦੀ ਹੈ।

ਭਗਤ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਮਾਗਮ ਸ਼ੁਰੂ

ਦਾ ਕਾਰਜ ਅਤੇ ਫ਼ਰੀਦਪੁਰ ਵਿਖੇ ਸ਼੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ ਦੀ ਸਥਾਪਨਾ ਸਮੇਤ ਬੁਨਿਆਦੀ ਢਾਂਚੇ ਦੇ ਵੰਡੇ ਪ੍ਰਾਜੈਕਟ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਪਰਮਾਤਮਾ ਅੱਗੇ ਅਰਦਾਸ ਹੈ ਕਿ ਸਾਨੂੰ ਏਨੀ ਤਾਕਤ ਦੇਵੇ ਕਿ 'ਆਪ' ਸਰਕਾਰ ਦਾ ਹਰ ਫ਼ੈਸਲਾ ਲੋਕਾਂ ਦੇ ਭਲੇ ਲਈ ਹੋਵੇ। ਮੁੱਖ ਮੰਤਰੀ ਨੇ ਕਿਹਾ ਕਿ ਗੁਰੂ ਜੀ ਨੂੰ ਸਮਰਪਤ ਮਾਨ ਸਮਾਗਮਾਂ ਤੇ ਪਾਸੇਕਦਾਂ ਲਈ ਛੁੱਟੀ ਦੀ ਕਮੀ ਨਹੀਂ ਆਉਣ ਦਿਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸੰਤ ਸਮਾਜ ਦਾ ਸਾਰੇ ਅਦਬੇਸ਼ ਪੂਰੀ ਤਰ੍ਹਾਂ ਲਾਗੂ ਕੀਤੇ ਜਾਣਗੇ। ਸਾਲ ਭਰ ਚੋਣਣ ਵਾਲੇ ਪੁਰਗਰਾਮ 'ਆਪ' ਸਰਕਾਰ ਦੇ ਸਾਸ਼ਨ ਦੇ ਅਨਸਾਰ ਹੋਣਗੇ ਜੋ ਸਿਖਿਆ ਸੁਧਾਰਾਂ ਨੂੰ ਤਰਜੀਹ ਦਿੰਦਾ ਹੈ, 10 ਲੰਖ ਰੁਪਏ ਤਕ ਦੇ ਨਕਦ ਰਹਿਤ ਇਲਾਜ ਨਾਲ ਜਨਤਕ ਸਿਹਤ ਸੰਭਾਲ ਦਾ ਵਿਸਤਾਰ ਕਰਦਾ ਹੈ ਤੇ ਲੋਕ ਭਲਾਈ ਤੇ ਆਧਾਰਤ ਫ਼ੈਸਲੇ ਲੈਂਦਾ ਹੈ। ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਕਰਵਾਏ ਰਾਜ ਪਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ, ਮੁੱਖ ਮੰਤਰੀ ਨੇ ਸੰਗਤ ਨੂੰ ਵਧਾਈ ਦਿਤੀ ਤੇ ਕਿਹਾ,''ਗੁਰੂ ਜੀ ਦੇ ਸੰਦੇਸ਼ ਨੂੰ ਦੁਨੀਆਂ ਭਰ ਵਿਚ ਫੈਲਾਉਣਾ ਸਾਡਾ ਸਾਂਝਾ ਫ਼ਰਜ਼ ਹੈ। ਗੁਰੂ ਜੀ ਨੇ ਨੇ ਹਰ ਤਰ੍ਹਾਂ ਦੇ ਭੇਦਭਾਵ ਤੋਂ ਮੁਕਤ ਬਰਾਬਰੀ ਵਾਲੇ ਸਮਾਜ ਦੀ ਕਲਪਨਾ ਕੀਤੀ ਸੀ।'' ਸੰਗਤ ਵਿਚ ਹਾਜ਼ਰੀ ਲਵਾ ਕੇ ਅਪਣੇ ਆਪ ਨੂੰ ਭਾਗਾਂ ਵਾਲਾ ਦਸਦਿਆਂ ਮੁੱਖ ਮੰਤਰੀ ਨੇ ਭਰੋਸਾ ਦਿਤਾ ਕਿ ''ਸਰਦਾ ਸਰਕਾਰ ਉਨ੍ਹਾਂ 650ਵੇਂ ਪ੍ਰਕਾਸ਼ ਪੁਰਬ ਨੂੰ ਵਿਆਪਕ ਪੱਧਰ ਉਤੇ ਮਨਾਉਣ ਵਿਚ ਕੋਈ ਕਸਰ ਨਹੀਂ ਛੱਡੇਗੀ।'' ਮੁੱਖ ਮੰਤਰੀ ਨੇ ਕਿਹਾ ਕਿ ਭਗਤ ਰਵਿਦਾਸ ਜੀ ਦੀ ਮਹਾਨ ਵਿਰਾਸਤ ਨੂੰ ਕਾਇਮ ਰੱਖਣ ਲਈ ਸ਼ੁਭਾ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਖੋਜ ਲਈ ਚੇਅਰਾਂ ਸਥਾਪਤ ਕੀਤੀਆਂ ਹਨ। ਸਮਾਜ ਦੇ ਕਮਜ਼ੋਰ ਅਤੇ ਪੌਛੜੇ ਵਰਗਾਂ ਦੀਆਂ ਸਮੱਸਿਆਵਾਂ ਦੂਰ ਕਰਨ ਲਈ ਅਣਥਕ ਮਿਹਨਤ ਕਰਨ ਦਾ ਪ੍ਰਣ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਭਗਤ ਰਵਿਦਾਸ ਜੀ ਦੀਆਂ ਸਿਖਿਆਵਾਂ ਅਨੁਸਾਰ ਉਹ ਇਹ ਭਾਵਨਾ ਰਖਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਭਗਤ ਰਵਿਦਾਸ ਜੀ ਸਮਾਜ ਦੇ ਹਰੀਜਨ ਅਤੇ ਪਛੜੇ ਵਰਗਾਂ ਦੇ ਮਹਾਨ ਅਧਿਆਤਮਕ ਦੂਤ ਅਤੇ ਮਸੀਹਾ ਸਨ, ਜਿਨ੍ਹਾਂ ਨੇ ਸਾਨੂੰ ਜੀਵਨ ਜਿਉਣ ਦਾ ਸਹੀ ਰਸਤਾ ਦਿਖਾਇਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ 'ਪ੍ਰਕਾਸ਼ ਪੁਰਬ' ਇਕ ਅਜਿਹੇ ਸਮਾਜ ਦੀ ਸਿਰਜਣਾ ਲਈ ਅਪਣੇ ਆਪ ਨੂੰ ਸਮਰਪਤ ਕਰਨ ਦਾ ਮੌਕਾ ਹੈ ਜਿਥੇ ਹਰ ਮਨੁੱਖ ਬਿਨਾਂ ਕਿਸੇ ਭੇਦਭਾਵ ਦੇ ਸਵੈ-ਮਾਣ ਨਾਲ ਜੀਵਨ ਜੀਵੇ। ਇਸ ਮੌਕੇ ਭਗਵੰਤ ਸਿੰਘ ਮਾਨ ਨੇ ਸ਼ਰਧਾਲੂਆਂ ਨੂੰ ਸੂਬੇ ਦੀ ਸ਼ਾਂਤੀ, ਤਰੱਕੀ ਅਤੇ ਖ਼ੁਸ਼ਹਾਲੀ ਲਈ ਅਰਦਾਸ-ਬੰਨਣੀ ਕਰਨ ਦੀ ਅਪੀਲ ਵੀ ਕੀਤੀ ਅਤੇ ਕਿਹਾ ਕਿ ਸੂਬਾ ਸਰਕਾਰ ਛੇਤੀ ਹੀ ਪੰਜਾਬ ਨੂੰ ਰੰਗਲਾ ਅਤੇ ਪੁਰਤਗੀਜ਼ੀਲ ਸੂਬਾ ਬਣਾਏਗੀ। ਮੁੱਖ ਮੰਤਰੀ ਨੇ ਕਿਹਾ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਸੂਬੇ ਭਰ ਵਿਚ ਲਾਗੂ ਕੀਤੀ ਜਾ ਰਹੀ ਹੈ, ਜੋ ਕਿ ਸੂਬੇ ਦਾ ਸਭ ਤੋਂ ਵੰਡਾ ਸਿਹਤ ਸੁਧਾਰ ਪੁੰਗਰਾਅ ਹੈ। ਉਨ੍ਹਾਂ ਕਿਹਾ ਕਿ ਹੁਣ ਹਰ ਪਰਵਾਰ ਨੂੰ 10 ਲੰਖ ਰੁਪਏ ਤਕ ਦਾ ਨਕਦੀ ਰਹਿਤ ਇਲਾਜ ਮਿਲੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਝਰਲਗਲੜ੍ਹ ਵਿਚ ਲਗਭਗ 148 ਕਰੋੜ ਰੁਪਏ ਦੀ ਲਾਗਤ ਨਾਲ ਇਕ ਵਿਸ਼ਵ ਪਧਰੀ ਯਾਦਗਾਰ ਬਣਾਈ ਹੈ ਅਤੇ ਇਹ ਸੂਬਾ ਸਰਕਾਰ ਵਲੋਂ ਭਗਤ ਰਵਿਦਾਸ ਜੀ ਨੂੰ ਨਿਮਰ ਸ਼ਰਧਾਂਜਲੀ ਹੈ। ਅਪਣੇ ਸੰਬੋਧਨ ਵਿਚ ਸੀਨੀਅਰ ਅੰਧਾ/ ਆਗੂ ਮਨੋਜ਼ ਸਿੱਸੋਦੀਆ ਨੇ ਕਿਹਾ ਕਿ ਉਹ ਪੁਰਗਲਗੜ੍ਹ ਦੀ ਇਸ ਪਵਿੱਤਰ ਧਰਤੀ 'ਤੇ ਆਉਣ ਦਾ ਮੌਕਾ ਮਿਲਣ 'ਤੇ ਖ਼ੁਦ ਨੂੰ ਸੁਭਾਗਾ ਮਹਿਸੂਸ ਕਰ ਰਹੇ ਹਨ, ਜਿੱਥੇ ਗੁਰਤ ਰਵਿਦਾਸ ਜੀ ਨੇ ਅਪਣੇ ਚਰਨ ਪਾਏ। ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਇਸ ਧਰਤੀ ਤੋਂ ਮਨੁੱਖਤਾ ਲਈ ਬਰਾਬਰਤਾ ਦਾ ਸੰਦੇਸ਼ ਦਿਤਾ ਅਤੇ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਵੀ ਸਮਾਜ ਦੇ ਸਾਰੇ ਵਰਗਾਂ ਨੂੰ ਬਰਾਬਰ ਅਧਿਕਾਰ ਪ੍ਰਦਾਨ ਕਰ ਕੇ ਗੁਰੂ ਜੀ ਦੇ ਮਾਰਗ 'ਤੇ ਚੱਲ ਰਹੀ ਹੈ। ਇਸ ਮੌਕੇ ਕਈ ਕੈਬਨਿਟ ਮੰਤਰੀ, ਸੰਸਦ ਮੈਂਬਰ, ਵਿਧਾਇਕ, ਸੰਤ ਸਮਾਜ ਦੀਆਂ ਸਤਿਕਾਰਤ ਸ਼ਖ਼ਸੀਅਤਾਂ ਅਤੇ ਹੋਰ ਵੀ ਮੰਜੂਦ ਸਨ।

ਅਕਾਲ ਤਖ਼ਤ ਵਿਖੇ ਅਰਦਾਸ ਕਰ ਕੇ ਪਾਣੀਆਂ ਦੀ ਰਾਖੀ ਦੇ ਸੰਘਰਸ਼ ਲਈ ਕਿਸਾਨਾਂ ਵਲੋਂ ਮੁਹਿਮ ਸ਼ੁਰੂ

ਦਬਾਅ ਹੇਠ ਅਸਿਹੇ ਸਮਝੌਤੇ ਕੀਤੇ ਗਏ, ਜਿਨ੍ਹਾਂ ਨੂੰ ਪੰਜਾਬ ਵਿਧਾਨ ਸਭਾ ਨੇ ਕਦੇ ਪ੍ਰਵਾਨਗੀ ਨਹੀਂ ਦਿਤੀ। ਉਨ੍ਹਾਂ 1955 ਦੇ ਸਮਝੌਤੇ ਅਤੇ ਸੁਪਰੀਮ ਕੋਰਟ ਤੋਂ ਪਟੀਸ਼ਨ ਵਾਪਸ ਲੈਣ ਦੀ ਮਿਸਾਲ ਦਿੱਤਿਆਂ ਕਿਹਾ ਕਿ ਸਿਆਸੀ ਹਿਤਾਂ ਲਈ ਪੰਜਾਬ ਦੇ ਹਿਤਾਂ ਨਾਲ ਸਮਝੌਤਾ ਕੀਤਾ ਗਿਆ। ਕਿਸਾਨ ਆਗੂਆਂ ਨੇ ਵੰਡਾ ਦਾਅਵਾ ਕਰਦਿਆਂ ਕਿਹਾ ਕਿ ਹੁਣ ਤਕ ਰਾਜਸਥਾਨ ਨੂੰ ਲਗਭਗ ਸਾਢੇ 16 ਲੰਖ ਕਰੋੜ ਰੁਪਏ ਦੀ ਕੀਮਤ ਦਾ ਪਾਣੀ ਮੁਫ਼ਤ ਦਿਤਾ ਜਾ ਚੁੱਕਾ ਹੈ। ਜਦੋਂ ਰਾਜਸਥਾਨ ਇਸ ਪਾਣੀ ਨੂੰ ਉਦਯੋਗਾਂ ਅਤੇ ਰਿਵਾਇਨਰੀਆਂ ਨੂੰ ਵੇਚ ਕੇ ਮੁਨਾਫ਼ਾ ਕਮਾ ਰਿਹਾ ਹੈ, ਤਾਂ ਪੰਜਾਬ ਨੂੰ ਇਸ ਦੀ ਰਾਇਲਟੀ ਕਿਉਂ ਨਹੀਂ ਮਿਲ ਰਹੀ? ਇਹ ਸਰਾਸਰ ਬੇਇਨਸਾਫ਼ੀ ਹੈ।

ਅਮਰੀਕਾ ਦੀ ਖੁੰਖਾਰ ਅਪਰਾਧੀਆਂ ਦੀ ਸੂਚੀ ਵਿਚ 89 ਭਾਰਤੀ ਸ਼ਾਮਲ

ਲਾਂਡਰਿੰਗ, ਨਸ਼ੀਲੇ ਪਦਾਰਥ ਰੱਖਣ ਅਤੇ ਘਰੇਲੂ ਹਿੰਸਾ ਦੇ ਦੋਸ਼ੀ ਠਹਿਰਾਇਆ ਗਿਆ ਹੈ। ਡੀ.ਐਚ.ਐਸ. ਦੀ ਸਹਾਇਕ ਸਕੱਤਰ ਟ੍ਰਿਸੀਆ ਮੈਕਲਾਫਲਿਨ ਨੇ ਕਿਹਾ ਕਿ ਵੈਬਸਾਈਟ ਪਰਾਦਰਸ਼ਤਾ ਪ੍ਰਦਾਨ ਕਰਨੀ ਹੈ, ਜਿਸ ਨਾਲ ਅਮਰੀਕੀਆਂ ਨੂੰ ਅਪਰਾਧੀਆਂ ਨੂੰ ਉਨ੍ਹਾਂ ਦੇ ਭਾਈਚਾਰਿਆਂ ਤੋਂ ਹਟਾਇਆ ਜਾਂਦਾ ਵੇਖਣ ਦੀ ਇਜਾਜ਼ਤ ਮਿਲਦੀ ਹੈ।

ਸੰਡਿਆਲਾ ਵਿਚ 'ਮਨਰੇਗਾ ਬਚਾਉ ਸੰਘਰਸ਼' ਰੇਲੀ

ਨੇ ਪ੍ਰਧਾਨ ਮੰਤਰੀ ਮੋਦੀ 'ਤੇ ਨਿਸ਼ਾਨਾ ਸਾਧਦਿਆਂ, ਕਿਹਾ ਕਿ ਉਹ ਸਮਝੌਤਾ ਕਰ ਚੁੱਕੇ ਹਨ ਅਤੇ ਜਿੰਨਾ ਜ਼ਿਆਦਾ ਸਮਾਂ ਉਹ ਸੱਤਾ ਵਿਚ ਰਹਿਣਗੇ, ਉਹ ਦੇਸ਼ ਲਈ ਉਨਾ ਹੀ ਖ਼ਤਰਨਾਕ ਹੋਣ ਗੇ। ਉਨ੍ਹਾਂ ਕਿਹਾ ਕਿ ਉਹ ਜਿੰਨਾ ਜਲਦੀ ਸੱਤਾ ਛੱਡਣ, ਦੇਸ਼ ਲਈ ਉਨਾ ਹੀ ਚੰਗਾ ਹੋਵੇਗਾ। ਭਾਰਤ-ਅਮਰੀਕਾ ਵਪਾਰ ਸਮਝੌਤੇ ਦਾ ਜ਼ਿਕਰ ਕਰਦਿਆਂ, ਉਨ੍ਹਾਂ ਕਿਹਾ ਕਿ ਕਮਜ਼ੋਰ ਪ੍ਰਧਾਨ ਮੰਤਰੀ ਦੀ ਨਿਸ਼ਾਨੀ ਹੈ ਜੋ ਟਰੰਪ ਅੱਗੇ ਪੂਰੀ ਤਰ੍ਹਾਂ ਝੁਕ ਗਿਆ ਹੈ। ਉਨ੍ਹਾਂ ਕਿਹਾ ਕਿ ਮੋਦੀ ਦੇ ਸਮੇਂ ਦੇਸ਼ ਨੂੰ ਕਮਜ਼ੋਰ ਦੇਖਿਆ ਜਾ ਰਿਹਾ ਹੈ, ਕਿਉਂਕਿ ਅਮਰੀਕਾ ਅਤੇ ਚੀਨ ਵਲੋਂ ਦਬਾਅ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦੁੱਖ ਜਤਾਇਆ ਕਿ ਮੋਦੀ ਦੇ ਦੌਰ ਵਿਚ ਅਮਰੀਕੀ ਰਾਸ਼ਟਰਪਤੀ ਹੀ ਫ਼ੈਸਲਾ ਕਰਦਾ ਹੈ ਕਿ ਭਾਰਤ ਕਿੱਥੋਂ ਤੇਲ ਖ਼ਰੀਦੇ ਅਤੇ 'ਆਪਰੇਸ਼ਨ ਸਧੂਰ' ਕਦੋਂ ਰੋਕਿਆ ਜਾਵੇ। ਇਸ ਦੌਰਾਨ ਬਘੇਲ ਨੇ ਕਿਹਾ ਕਿ ਭਾਜਪਾ ਐਪਸਟਿਨ ਫਾਈਲਾਂ 'ਤੇ ਖਾਮ�ੰਸ਼ ਹਨ, ਕਿਉਂਕਿ ਇਨ੍ਹਾਂ ਵਿਚ ਪ੍ਰਧਾਨ ਮੰਤਰੀ ਮੋਦੀ ਅਤੇ ਹਰਦੀਪ ਪੁਰੀ ਦੇ ਨਾਮ ਦਰਜ ਹਨ, ਤਾਂ ਇਹ ਦੋਨਾਂ ਪੱਧਰ ਉਹੀ ਤਰੀਕਾ ਵਰਤਦਾਂਗੇ ਜਿਹੜਾ ਅਮਰੀਕਾ ਵਿਚ ਬਲਦਾ ਹਨ, ਤਾਂ ਸੰਸਥਾਵਾਂ ਨੂੰ ਨਿਸ਼ਾਨਾ ਬਣਾਇਆ ਜਾਂਦਾ ਹੈ।

ਸਲੰਪਰ ਵਿਚ 'ਆਪ' ਆਗੂ ਦਾ ਗੋਲੀਆਂ ਮਾਰ ਕੇ ਕਤਲ

ਇਕ ਨਿਜੀ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ। ਜਿਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਘੋਸ਼ਿਤ ਕਰ ਦਿਤਾ। ਉਸ ਦੀ ਛਾਤੀ ਵਿਚ ਦੋ ਗੋਲੀਆਂ ਅਤੇ ਸਿਰ ਵਿਚ ਇਕ ਗੋਲੀ ਲੱਗੀ। ਪੁਲਿਸ ਨੇ ਪੂਰੇ ਇਲਾਕੇ ਨੂੰ ਘੇਰਾ ਪਾ ਕੇ ਸੀਲ ਕਰ ਦਿਤਾ ਅਤੇ ਸੁਰੱਖਿਆ ਸਖ਼ਤ ਕਰ ਦਿਤੀ ਗਈ। ਹਮਲਾਵਰਾਂ ਦੀ ਪਛਾਣ ਕਰਨ ਲਈ ਨੇੜਲੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਦੀ ਹਰ ਪਹਿਲੂ ਤੋਂ ਜਾਂਚ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਨੂੰ ਜਲਦੀ ਹੀ ਫੜਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਮੁੱਖ ਮੰਤਰੀ ਮਾਨ ਮਾਮਲੇ ਦੀ ਨਿਜੀ ਤੌਰ 'ਤੇ ਕਰ ਰਹੇ ਹਨ ਨਿਗਰਾਨੀ: ਡੀਜੀਪੀ

ਬਣਾਈ ਰੱਖਣ ਦੇ ਦ੍ਰਿੜ ਇਰਾਦੇ ਨੂੰ ਦੁਹਰਾਉਂਦਿਆਂ ਕਿਹਾ ਕਿ ਇਸ ਅਪਰਾਧ ਦੇ ਦੋਸ਼ੀਆਂ ਨੂੰ ਜਲਦ ਕਾਬੂ ਕਰਕੇ ਕਾਨੂੰਨ ਅਨੁਸਾਰ ਮਿਸਾਲੀ ਸਜ਼ਾ ਦਿਵਾਈ ਜਾਵੇਗੀ। ਇਸ ਦੌਰਾਨ ਉਨ੍ਹਾਂ ਦੇ ਨਾਲ ਜਲੰਧਰ ਦੇ ਪੁਲਿਸ ਕਮਿਸ਼ਨਰ (ਸੀਪੀ) ਧਨਪ੍ਰੀਤ ਕੌਰ ਵੀ ਮੰਜੂਦ ਸਨ। ਉਨ੍ਹਾਂ ਕਿਹਾ ''ਮੁੱਖ ਮੰਤਰੀ ਸਾਹਿਬ ਨਿੱਜੀ ਤੌਰ 'ਤੇ ਮਾਮਲੇ ਦੀ ਨਿਗਰਾਨੀ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਲਗਾਤਾਰ ਘਟਨਾਕ੍ਰਮ ਬਾਰੇ ਅਪਡੇਟ ਦਿਤੇ ਜਾ ਰਹੇ ਹਨ''। ਜਾਣਕਾਰੀ ਅਨੁਸਾਰ, ਸਤਵਿੰਦਰਪਾਲ ਸਿੰਘ ਉਰਫ਼ ਲੱਕੀ ਉਬਰਾਏ ਨੂੰ ਸੁਕਰਵਾਰ ਸਵੇਰੇ ਮਾਡਲ ਟਾਊਨ, ਜਲੰਧਰ ਦੇ ਗੁਰਦੁਆਰਾ ਸਿੰਘ ਸਭਾ ਪਾਰਕਿੰਗ ਵਿਚ ਇਕ ਚਿੱਟੀ ਐਕਟਿਵਾ 'ਤੇ ਆਏ ਅਣਪਛਾਤੇ ਹਮਲਾਵਰਾਂ ਨੇ ਗੋਲੀ ਮਾਰ ਦਿਤੀ ਸੀ, ਜਦੋਂ ਉਹ (ਲੱਕੀ) ਮੱਥਾ ਟੇਕ ਕੇ ਵਾਪਸ ਜਾ ਰਹੇ ਸਨ। ਪੀੜਤ ਨੇ ਬਾਅਦ ਵਿਚ ਦਮ ਤੋੜ ਦਿਤਾ। ਡੀਜੀਪੀ ਨੇ ਮੀਡੀਆ ਦੇ ਸਾਹਮਣੇ ਕਿਹਾ ਕਿ ਪੁਲਿਸ ਟੀਮਾਂ ਨੇ ਤਕਨੀਕੀ ਵਿਸ਼ਲੇਸ਼ਣ ਰਾਹੀਂ ਜਾਂਚ ਨੂੰ ਅੱਗੇ ਵਧਾਉਣ ਲਈ ਮੱਥਾਈਲ ਹਾਦਸੇ ਦੀਆਂ ਤਾਰਾਂ ਨੂੰ ਜੋੜ ਰਹੀ ਹੈ।''

ਪੰਜਾਬ ਵਿਚ ਕਾਨੂੰਨ-ਵਿਵਸਥਾ ਖ਼ਤਰੇ ਵਿਚ : ਅਸ਼ਵਨੀ ਸ਼ਰਮਾ

ਸ਼ਰੇਆਮ ਗੋਲੀਆਂ ਮਾਰ ਕੇ ਕਤਲ ਕਰ ਦਿਤਾ ਜਾਂਦਾ ਹੈ, ਤਾਂ ਇਹ ਪੰਜਾਬ ਦੀ ਸੁਰੱਖਿਆ ਪ੍ਰਣਾਲੀ 'ਤੇ ਵੱਡਾ ਸਵਾਲ ਖੜਾ ਕਰਦਾ ਹੈ। ਜੇ ਮੁੱਖ ਮੰਤਰੀ ਦੇ ਕਰੀਬੀ ਵਿਅਕਤੀ ਦੀ ਸੁਰੱਖਿਆ ਯਕੀਨੀ ਨਹੀਂ ਬਣਾਈ ਜਾ ਸਕੀ, ਤਾਂ ਆਮ ਇਨਸਾਨ ਅਪਣੇ ਆਪ ਨੂੰ ਕਿਵੇਂ ਸੁਰੱਖਿਅਤ ਮਹਿਸੂਸ ਕਰੇਗਾ?, ਸ਼ਰਮਾ ਨੇ ਮੰਨਾ ਤੋਂ ਪੁੱਛਿਆ। ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਗੰਗਸਟਰਾਂ ਵਿਰੁਧ ਕਰਾਵਈ ਲਈ ਦਿਤੀ ਗਈ ਡੈਡਲਾਈਨ ਦਾ ਕੀ ਬਣਿਆ, ਇਸ ਬਾਰੇ ਲੋਕਾਂ ਨੂੰ ਜਵਾਬ ਚਾਹੀਦਾ ਹੈ। ਸਰਕਾਰ ਨੂੰ ਤੁਰਤ ਸਖ਼ਤ ਕਦਮ ਚੁੱਕਣੇ ਚਾਹੀਦੇ ਹਨ ਤਾਂ ਜੋ ਦੋਸ਼ੀਆਂ ਨੂੰ ਕਾਨੂੰਨ ਦੇ ਕਟਘਰੇ ਵਿਚ ਲਿਆਂਦਾ ਜਾ ਸਕੇ। ਇਸ ਦੁੱਖ ਦੀ ਘੜੀ ਵਿਚ ਭਾਜਪਾ ਪੰਜਾਬ ਪੀੜਤ ਪਰਿਵਾਰ ਦੇ ਨਾਲ ਖੜੀ ਹੈ ਅਤੇ ਮੰਗ ਕਰਦੀ ਹੈ ਕਿ ਸੂਬਾ ਸਰਕਾਰ ਇਸ ਜਲਦ ਤੋਂ ਜਲਦ ਸਖ਼ਤ ਕਾਰਵਾਈ ਕੀਤੀ ਜਾਵੇ। ਭਾਜਪਾ ਹਮੇਸ਼ਾ ਪੰਜਾਬ ਦੀ ਸ਼ਾਂਤੀ, ਕਾਨੂੰਨ-ਵਿਵਸਥਾ ਅਤੇ ਲੋਕਾਂ ਦੀ ਸੁਰੱਖਿਆ ਲਈ ਵਚਨਬੱਧ ਰਹੇਗੀ।

ਕ ਲਾਸੀਫ਼ਾਈਡ CLASSIFIED

ਬੇਦਖ਼ਲੀ ਵਾਪਸ

• ਮੈਂ, ਜਗਦੀਪ ਸਿੰਘ ਪੁੱਤਰ ਸਵ ਸ਼੍ਰੀ ਸ਼ਿਆਮ ਸਿੰਘ ਵਾਸੀ ਫਲੈਟ ਨੰ. 65, ਹਾਊਸਵੇਡ ਕੰਪਲੈਕਸ ਫਲ, ਸੈਕਟਰ 79 ਮੋਹਾਲੀ ਬਿਆਨ ਕਰਦਾ ਹਾਂ ਕਿ 03.05.2023 ਨੂੰ ਅਮਬਾਰ ਰਾਹੀਂ ਮੈਂ ਆਪਣੇ ਪੁੱਤਰ ਜਸਪ੍ਰੀਤ ਸਿੰਘ ਨੂੰ ਬੇਦਖ਼ਲ ਕੀਤਾ ਸੀ। ਹੁਣ ਉਹ ਮੇਰੇ ਕਹਿਣੇ ਵਿਚ ਹੈ। ਮੈਂ ਉਸ ਦੀ ਬੇਦਖ਼ਲੀ ਵਾਪਸ ਲੈਂਦਾ ਹਾਂ।

ਪੰਜਾਬ ਸਰਕਾਰ
ਵਿਕਾਸ ਕੰਮਾਂ ਲਈ ਟੈਂਡਰ
ਵਿਭਾਗ ਨਗਰ ਪੰਚਾਇਤ ਮਲੂਕਾ ਵੱਲੋਂ ਵੱਖ ਵੱਖ ਵਿਕਾਸ ਕੰਮਾਂ ਲਈ ਆਨ ਲਾਈਨ ਬੋਲੀਆਂ ਮੰਗਦਾ ਜਾਂਦਾ ਹੈ :-
ਬੰਦ ਹੋਣ ਦੀ ਮਿਤੀ ਤੇ ਸਮਾਂ: 19-02-2026 ਸਵੇਰੇ 10:00 ਵਜੇ ਤੱਕ
ਵਿਸਤ੍ਰਿਤ ਜਾਣਕਾਰੀ ਲਈ ਲਾ